ਭੈਰਉ ਮਹਲਾ ੪ ॥ ਤੇ ਸਾਧੂ ਹਰਿ ਮੇਲਹੁ ਸੁਆਮੀ ਜਿਨ ਜਪਿਆ ਗਤਿ ਹੋਇ ਹਮਾਰੀ ॥ ਤਿਨ ਕਾ ਦਰਸੁ ਦੇਖਿ ਮਨੁ ਬਿਗਸੈ ਖਿਨੁ ਖਿਨੁ ਤਿਨ ਕਉ ਹਉ ਬਲਿਹਾਰੀ ॥ ੧॥ ਹਰਿ ਹਿਰਦੈ ਜਪਿ ਨਾਮੁ ਮੁਰਾਰੀ ॥ ਕ੍ਰਿਪਾ ਕ੍ਰਿਪਾ ਕਰਿ ਜਗਤ ਪਿਤ ਸੁਆਮੀ ਹਮ ਦਾਸਨਿ ਦਾਸ ਕੀਜੈ ਪਨਿਹਾਰੀ ॥ ੧॥ ਰਹਾਉ ॥ ਤਿਨ ਮਤਿ ਊਤਮ ਤਿਨ ਪਤਿ ਊਤਮ ਜਿਨ ਹਿਰਦੈ ਵਸਿਆ ਬਨਵਾਰੀ ॥ ਤਿਨ ਕੀ ਸੇਵਾ ਲਾਇ ਹਰਿ ਸੁਆਮੀ ਤਿਨ ਸਿਮਰਤ ਗਤਿ ਹੋਇ ਹਮਾਰੀ ॥ ੨॥ ਜਿਨ ਐਸਾ ਸਤਿਗੁਰੁ ਸਾਧੁ ਨ ਪਾਇਆ ਤੇ ਹਰਿ ਦਰਗਹ ਕਾਢੇ ਮਾਰੀ ॥ ਤੇ ਨਰ ਨਿੰਦਕ ਸੋਭ ਨ ਪਾਵਹਿ ਤਿਨ ਨਕ ਕਾਟੇ ਸਿਰਜਨਹਾਰੀ ॥੩॥ ਹਰਿ ਆਪਿ ਬੁਲਾਵੈ ਆਪੇ ਬੋਲੈ ਹਰਿ ਆਪਿ ਨਿਰੰਜਨੁ ਨਿਰੰਕਾਰੁ ਨਿਰਾਹਾਰੀ ॥ ਹਰਿ ਜਿਸੁ ਤੂ ਮੇਲਹਿ ਸੋ ਤੁਧੁ ਮਿਲਸੀ ਜਨ ਨਾਨਕ ਕਿਆ ਏਹਿ ਜੰਤ ਵਿਚਾਰੀ ॥ ੪॥੨॥੬॥ {ਪੰਨਾ 1135}

ਪਦਅਰਥ:- ਤੇ—ਉਹ {ਬਹੁ-ਵਚਨ}। ਹਰਿ—ਹੇ ਹਰੀ! ਸੁਆਮੀ—ਹੇ ਸੁਆਮੀ! ਜਿਨ ਜਪਿਆ—ਜਿਨ੍ਹਾਂ ਨੂੰ ਯਾਦ ਕੀਤਿਆਂ {'ਜਿਨ' ਬਹੁ-ਵਚਨ}। ਗਤਿ—ਉੱਚੀ ਆਤਮਕ ਅਵਸਥਾ। ਤਿਨ—{ਬਹੁ-ਵਚਨ}। ਦੇਖਿ—ਵੇਖ ਕੇ। ਬਿਗਸੈ—ਖਿੜ ਪੈਂਦਾ ਹੈ। ਤਿਨ ਕਉ—{ਬਹੁ-ਵਚਨ} ਉਹਨਾਂ ਉਤੋਂ। ਹਉ—ਹਉਂ, ਮੈਂ। ਬਲਿਹਾਰੀ—ਕੁਰਬਾਨ।1।

ਹਿਰਦੈ—ਹਿਰਦੇ ਵਿਚ। ਜਪਿ—ਜਪੀਂ, ਮੈਂ ਜਪਾਂ। ਮੁਰਾਰੀ ਨਾਮੁ—{ਮੁਰ-ਅਰਿ। ਅਰਿ—ਵੈਰੀ} ਪਰਮਾਤਮਾ ਦਾ ਨਾਮ। ਜਗਤ ਪਿਤ—ਹੇ ਜਗਤ ਦੇ ਪਿਤਾ! ਸੁਆਮੀ—ਹੇ ਸੁਆਮੀ! ਦਾਸਨਿ ਦਾਸ ਕੀਜੈ—ਦਾਸਾਂ ਦਾ ਦਾਸ ਬਣਾ ਲੈ। ਪਨਿਹਾਰੀ—ਪਾਣੀ ਢੋਣ ਵਾਲਾ ਸੇਵਕ।1। ਰਹਾਉ।

ਪਤਿ—ਇੱਜ਼ਤ। ਜਿਨ ਹਿਰਦੈ—ਜਿਨ੍ਹਾਂ ਦੇ ਹਿਰਦੇ ਵਿਚ। ਬਨਵਾਰੀ—{ਸਾਰੀ ਬਨਸਪਤੀ ਹੈ ਮਾਲਾ ਜਿਸ ਦੀ) ਪਰਮਾਤਮਾ। ਹਰਿ ਸੁਆਮੀ—ਹੇ ਹਰੀ! ਹੇ ਸੁਆਮੀ! ਲਾਇ—ਜੋੜੀ ਰੱਖ। ਤਿਨ ਸਿਮਰਤ—ਉਨ੍ਹਾਂ ਨੂੰ ਯਾਦ ਕੀਤਿਆਂ।2।

ਜਿਨ—ਜਿਨ੍ਹਾਂ (ਮਨੁੱਖਾਂ) ਨੇ। ਤੇ—ਉਹ ਬੰਦੇ। ਕਾਢੇ ਮਾਰੀ—ਮਾਰ ਕੇ ਕੱਢੇ ਜਾਂਦੇ ਹਨ। ਸੋਭ—ਸੋਭਾ। ਸਿਰਜਨਹਾਰੀ—ਸਿਰਜਨਹਾਰ ਨੇ।

ਨਿਰੰਜਨੁ—ਨਿਰ-ਅੰਜਨੁ, ਮਾਇਆ ਦੇ ਮੋਹ ਦੀ ਕਾਲਖ ਤੋਂ ਰਹਿਤ {ਅੰਜਨੁ—ਕਾਲਖ}। ਨਿਰੰਕਾਰੁ—ਆਕਾਰ-ਰਹਿਤ; ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ। ਨਿਰਾਹਾਰੀ—ਨਿਰ-ਆਹਾਰੀ {ਆਹਾਰ—ਖ਼ੁਰਾਕ} ਜਿਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ ਪੈਂਦੀ। ਹਰਿ—ਹੇ ਹਰੀ! ਤੁਧੁ—ਤੈਨੂੰ। ਏਹਿ—{ਲਫ਼ਜ਼ 'ਏਹ' ਤੋਂ ਬਹੁ-ਵਚਨ}। ਵਿਚਾਰੀ—ਵਿਚਾਰੇ, ਨਿਮਾਣੇ।4।

ਅਰਥ:- ਹੇ ਹਰੀ! ਹੇ ਜਗਤ ਦੇ ਪਿਤਾ! ਹੇ ਸੁਆਮੀ! (ਮੇਰੇ ਉਤੇ ਮਿਹਰ ਕਰ) ਮੈਂ (ਸਦਾ) ਤੇਰਾ ਨਾਮ ਜਪਦਾ ਰਹਾਂ। (ਮੇਰੇ ਉਤੇ) ਮਿਹਰ ਕਰ, ਮਿਹਰ ਕਰ, ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ, ਮੈਨੂੰ ਆਪਣੇ ਦਾਸਾਂ ਦਾ ਪਾਣੀ ਢੋਣ ਵਾਲਾ ਸੇਵਕ ਬਣਾ ਲੈ।1। ਰਹਾਉ।

ਹੇ ਹਰੀ! ਹੇ ਸੁਆਮੀ! ਮੈਨੂੰ ਉਹਨਾਂ ਗੁਰਮੁਖਾਂ ਦਾ ਮਿਲਾਪ ਕਰਾ ਦੇਹ, ਜਿਨ੍ਹਾਂ ਨੂੰ ਯਾਦ ਕੀਤਿਆਂ ਮੇਰੀ ਉੱਚੀ ਆਤਮਕ ਅਵਸਥਾ ਬਣ ਜਾਏ, ਉਹਨਾਂ ਦਾ ਦਰਸਨ ਕਰ ਕੇ ਮੇਰਾ ਮਨ ਖਿੜਿਆ ਰਹੇ। ਹੇ ਹਰੀ! ਮੈਂ ਇਕ ਇਕ ਛਿਨ ਉਹਨਾਂ ਤੋਂ ਸਦਕੇ ਜਾਂਦਾ ਹਾਂ।1।

ਹੇ ਭਾਈ! ਜਿਨ੍ਹਾਂ (ਗੁਰਮੁਖਾਂ) ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ (ਸਦਾ) ਵੱਸਦਾ ਹੈ, ਉਹਨਾਂ ਦੀ ਮਤਿ ਸ੍ਰੇਸ਼ਟ ਹੁੰਦੀ ਹੈ, ਉਹਨਾਂ ਨੂੰ (ਲੋਕ ਪਰਲੋਕ ਵਿਚ) ਉੱਚੀ ਇੱਜ਼ਤ ਮਿਲਦੀ ਹੈ। ਹੇ ਹਰੀ! ਹੇ ਸੁਆਮੀ! ਮੈਨੂੰ ਉਹਨਾਂ

(ਗੁਰਮੁਖਾਂ ਦੀ) ਸੇਵਾ ਵਿਚ ਲਾਈ ਰੱਖ, ਉਹਨਾਂ ਨੂੰ ਯਾਦ ਕੀਤਿਆਂ ਮੈਨੂੰ ਉੱਚੀ ਆਤਮਕ ਅਵਸਥਾ ਮਿਲ ਸਕਦੀ ਹੈ।2।

ਹੇ ਭਾਈ! (ਜਿਸ ਗੁਰੂ ਦੀ ਸਰਨ ਪਿਆਂ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ) ਜਿਨ੍ਹਾਂ ਮਨੁੱਖਾਂ ਨੂੰ ਅਜਿਹਾ ਸਾਧੂ ਗੁਰੂ ਨਹੀਂ ਮਿਲਿਆ, ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚੋਂ ਧੱਕੇ ਮਾਰ ਕੇ ਕੱਢੇ ਜਾਂਦੇ ਹਨ। ਉਹ ਨਿੰਦਕ ਮਨੁੱਖ (ਕਿਤੇ ਭੀ) ਸੋਭਾ ਨਹੀਂ ਪਾਂਦੇ। ਸਿਰਜਨਹਾਰ ਨੇ (ਆਪ) ਉਹਨਾਂ ਦਾ ਨੱਕ ਕੱਟ ਦਿੱਤਾ ਹੋਇਆ ਹੈ।3।

(ਪਰ ਜੀਵਾਂ ਦੇ ਕੀਹ ਵੱਸ?) ਜਿਹੜਾ ਪਰਮਾਤਮਾ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿੰਦਾ ਹੈ, ਜਿਸ ਪਰਮਾਤਮਾ ਦਾ ਕੋਈ ਖ਼ਾਸ ਸਰੂਪ ਨਹੀਂ ਦਸਿਆ ਜਾ ਸਕਦਾ, ਜਿਸ ਪਰਮਾਤਮਾ ਨੂੰ (ਜੀਵਾਂ ਵਾਂਗ) ਕਿਸੇ ਖ਼ੁਰਾਕ ਦੀ ਲੋੜ ਨਹੀਂ, ਉਹ ਪਰਮਾਤਮਾ ਆਪ ਹੀ (ਸਭ ਜੀਵਾਂ ਨੂੰ) ਬੋਲਣ ਦੀ ਪ੍ਰੇਰਨਾ ਕਰਦਾ ਹੈ, ਉਹ ਪਰਮਾਤਮਾ ਆਪ ਹੀ (ਸਭ ਜੀਵਾਂ ਵਿਚ ਬੈਠਾ) ਬੋਲਦਾ ਹੈ।

ਹੇ ਨਾਨਕ! (ਆਖ—) ਹੇ ਹਰੀ! ਜਿਸ ਮਨੁੱਖ ਨੂੰ ਤੂੰ (ਆਪਣੇ ਨਾਲ) ਮਿਲਾਂਦਾ ਹੈਂ, ਉਹੀ ਤੈਨੂੰ ਮਿਲ ਸਕਦਾ ਹੈ। ਇਹਨਾਂ ਨਿਮਾਣੇ ਜੀਵਾਂ ਦੇ ਵੱਸ ਕੁਝ ਨਹੀਂ ਹੈ।4।2।6।